ਸੋਰਠਿ ਮਹਲਾ ੯ ॥ ਮਾਈ ਮੈ ਕਿਹਿ ਬਿਧਿ ਲਖਉ ਗੁਸਾਈ ॥ ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥ ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ ॥ ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ ॥ ੧॥ ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ॥ ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥ {ਪੰਨਾ 632}

ਪਦਅਰਥ:- ਮਾਈ—ਹੇ ਮਾਂ! ਕਿਹਿ ਬਿਧਿ—ਕਿਸ ਤਰ੍ਹਾਂ? ਲਖਉ—ਲਖਉਂ, ਮੈਂ ਪਛਾਣਾਂ। ਅਗਿਆਨੀ—ਅਗਿਆਨ ਵਿਚ। ਤਿਮਰਿ—ਹਨੇਰੇ ਵਿਚ। ਮੋ ਮਨੁ—ਮੇਰਾ ਮਨ।1।

ਭ੍ਰਮ ਹੀ—ਭ੍ਰਮਿ ਹੀ {ਲਫ਼ਜ਼ 'ਭ੍ਰਮਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਭਟਕਣਾ ਵਿਚ ਹੀ। ਖੋਇਓ—ਗਵਾ ਲਿਆ ਹੈ। ਅਸਥਿਰੁ—ਅਡੋਲ ਰਹਿਣ ਵਾਲੀ। ਬਿਖਿਆਸਕਤ—{ਬਿਖਿਆ—ਆਸਤਕ। ਆਸਕ੍ਤ} ਮਾਇਆ ਵਿਚ ਲੰਪਟ। ਨਿਸ—ਰਾਤ। ਬਾਸੁਰ—ਦਿਨ। ਅਧਮਾਈ—ਨੀਚਤਾ।1।

ਸੰਗੁ—ਸਾਥ, ਮੇਲ-ਮਿਲਾਪ, ਸੰਗਤਿ। ਕੀਰਤਿ—ਸਿਫ਼ਤਿ-ਸਾਲਾਹ। ਪ੍ਰਭ—ਪ੍ਰਭੂ ਦੀ।2।

ਅਰਥ:- ਹੇ ਮਾਂ! ਧਰਤੀ ਦੇ ਖਸਮ-ਪ੍ਰਭੂ ਨੂੰ ਮੈਂ ਕਿਸ ਤਰ੍ਹਾਂ ਪਛਾਣਾਂ? ਮੇਰਾ ਮਨ (ਤਾਂ) ਵੱਡੇ ਮੋਹ ਦੀ ਅਗਿਆਨਤਾ ਵਿਚ, ਮੋਹ ਦੇ ਹਨੇਰੇ ਵਿਚ (ਸਦਾ) ਫਸਿਆ (ਅਜੇ ਤਕ ਅਜੇਹੀ) ਮਤਿ ਨਹੀਂ ਹਾਸਲ ਕੀਤੀ (ਜੋ ਮੈਨੂੰ) ਅਡੋਲ ਰੱਖ ਸਕੇ। ਦਿਨ ਰਾਤ ਮੈਂ ਮਾਇਆ ਵਿਚ ਹੀ ਲੰਪਟ ਰਹਿੰਦਾ ਹਾਂ। ਮੇਰੀ ਇਹ ਨੀਚਤਾ ਮੁੱਕਣ ਵਿਚ ਨਹੀਂ ਆਉਂਦੀ।1।

ਹੇ ਮਾਂ! ਮੈਂ ਕਦੇ ਗੁਰਮੁਖਾਂ ਦੀ ਸੰਗਤਿ ਨਹੀਂ ਕੀਤੀ, ਮੈਂ ਕਦੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਨਹੀਂ ਗਾਇਆ। ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੇਰੇ ਅੰਦਰ ਕੋਈ ਗੁਣ ਨਹੀਂ ਹੈ। ਮੈਨੂੰ ਆਪਣੀ ਸ਼ਰਨ ਵਿਚ ਰੱਖ।2।6।